# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ :11-10-2025**

## ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਖੇਤੀਬਾੜੀ ਅਤੇ ਸਬੰਧਤ ਖੇਤਰਾਂ ਲਈ 42 ਹਜ਼ਾਰ ਕਰੋੜ ਤੋਂ ਵੱਧ ਦੇ ਕਈ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ। "ਪ੍ਰਧਾਨ ਮੰਤਰੀ DHAN DHANYA ਕ੍ਰਿਸ਼ੀ ਯੋਜਨਾ" ਅਤੇ "ਦਾਲਾਂ ਵਿੱਚ ਸਵੈ-ਨਿਰਭਰਤਾ ਲਈ ਮਿਸ਼ਨ" ਦੀ ਸ਼ੁਰੂਆਤ ਕੀਤੀ।

- ਪੰਜਾਬ ਵਿੱਚ ਫਾਜ਼ਿਲਕਾ ਅਤੇ ਸ੍ਰੀ ਮੁਕਤਸਰ ਸਾਹਿਬ ਦੇ ਕ੍ਰਿਸ਼ੀ ਕੇਂਦਰਾਂ ਸਮੇਤ ਵੱਖ-ਵੱਖ ਥਾਵਾਂ 'ਤੇ ਇਸ ਪ੍ਰੋਗ੍ਰਾਮ ਦਾ ਸਿੱਧਾ ਪ੍ਰਸਾਰਣ ਕੀਤਾ ਗਿਆ।

- ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਵਿੱਦਿਅਕ ਸੰਸਥਾਵਾਂ ਨੂੰ, ਵਿਦਿਆਰਥੀਆਂ ਨੂੰ ਬਿਹਤਰੀਨ ਇਨਸਾਨ ਬਣਾਉਣ ਵਿੱਚ, ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ ਏ।

- ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਫਰੀਦਕੋਟ ਅਤੇ ਫਿਰੋਜ਼ਪੁਰ ਦੇ ਜ਼ਿਲ੍ਹਾ ਪ੍ਰਸ਼ਾਸਨਾਂ ਨੂੰ, ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਸੰਬੰਧੀ ਸੁਚਾਰੂ ਪ੍ਰਬੰਧਾਂ ਅਤੇ ਕਾਰਜਾਂ ਨੂੰ ਸਮੇਂ-ਸਿਰ ਪੂਰਾ ਕਰਨ ਦੇ ਹੁਕਮ ਦਿੱਤੇ ਨੇ.

- ਭਾਰਤ ਦੀ ਜੂਨੀਅਰ ਮਰਦਾਂ ਦੀ ਹਾਕੀ ਟੀਮ ਨੇ 2025 ਦੇ ਸੁਲਤਾਨ ਆਫ਼ ਜੋਹੋਰ ਕੱਪ ਵਿੱਚ ਪਿਛਲੇ ਚੈਂਪੀਅਨ ਬਰਤਾਨੀਆ ‘ਤੇ 3-2 ਦੀ ਜਿੱਤ ਨਾਲ ਆਪਣੀ ਮੁਹਿੰਮ ਦੀ ਸ਼ੁਰੂਆਤ ਕੀਤੀ।

**<u>ਹੁਣ ਖਬਰਾਂ ਵਿਸਥਾਰ ਨਾਲ</u>**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਨਵੀਂ ਦਿੱਲੀ ਵਿੱਚ ਖੇਤੀਬਾੜੀ ਅਤੇ ਸਬੰਧਤ ਖੇਤਰਾਂ ਵਿੱਚ 42, ਹਜ਼ਾਰ ਕਰੋੜ ਤੋਂ ਵੱਧ ਦੇ ਕਈ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ। ਸ਼੍ਰੀ ਮੋਦੀ ਨੇ 35 ਹਜ਼ਾਰ ਕਰੋੜ ਰੁਪਏ ਤੋਂ ਵਧ ਦੀ ਲਾਗਤ ਨਾਲ ਖੇਤੀਬਾੜੀ ਖੇਤਰ ਦੀਆਂ ਦੋ ਵੱਡੀਆਂ ਪਹਿਲਕਦਮੀਆਂ, ਪ੍ਰਧਾਨ ਮੰਤਰੀ DHAN DHANYA KRISHI YOJANA ਅਤੇ ਦਲਾਂ ਵਿਚ ਆਤਮ ਨਿਰਭਰਤਾ ਮਿਸ਼ਨ ਦੀ ਸ਼ੁਰੂਆਤ ਕੀਤੀ. ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਦੋ ਨਵੀਆਂ ਯੋਜਨਾਵਾਂ ਦੇਸ਼ ਦੀ ਆਤਮ ਨਿਰਭਰਤਾ ਅਤੇ ਕਿਸਾਨਾਂ ਦੀ ਭਲਾਈ ਨੂੰ ਉਤਸ਼ਾਹਿਤ ਕਰਨ ਲਈ ਸ਼ੁਰੂ ਕੀਤੀਆਂ ਗਈਆਂ ਨੇ -

byte

ਪ੍ਰਧਾਨ ਮੰਤਰੀ ਨੇ ਕਿਹਾ ਕਿ ਦਲਾਂ ‘ਚ ਆਤਮ-ਨਿਰਭਰਤਾ ਮਿਸ਼ਨ ਭਵਿੱਖ ਦੀਆਂ ਪੀੜ੍ਹੀਆਂ ਨੂੰ ਸਵੈ-ਨਿਰਭਰ ਬਣਾਉਣ ਦੀ ਯੋਜਨਾ ਏ -

byte

ਸ਼੍ਰੀ ਮੋਦੀ ਨੇ ਕਿਹਾ ਕਿ ਪ੍ਰਧਾਨ ਮੰਤਰੀ DHAN DHANYA ਕ੍ਰਿਸ਼ੀ ਯੋਜਨਾ ਤਹਿਤ ਪਸ਼ੂਆਂ 'ਤੇ ਵੀ  ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਏ।

byte

ਪ੍ਰਧਾਨ ਮੰਤਰੀ ਨੇ ਕਿਹਾ ਕਿ 21ਵੀਂ ਸਦੀ ਦੇ ਭਾਰਤ ਦੇ ਵਿਕਾਸ ਲਈ ਦੇਸ਼ ਦੀ ਖੇਤੀਬਾੜੀ ਪ੍ਰਣਾਲੀ ਵਿੱਚ ਸੁਧਾਰ ਜ਼ਰੂਰੀ ਸਨ, ਅਤੇ ਇਹ ਸੁਧਾਰ 2014 ਵਿੱਚ ਸ਼ੁਰੂ ਹੋਏ ਸਨ। ਸ਼੍ਰੀ ਮੋਦੀ ਨੇ ਇਹ ਵੀ ਕਿਹਾ ਕਿ ਪਿਛਲੇ ਗਿਆਰਾਂ ਸਾਲਾਂ ਵਿੱਚ, ਭਾਰਤ ਦੀਆਂ ਖੇਤੀਬਾੜੀ ਬਰਾਮਦਾਂ ਵਿੱਚ ਲਗਭਗ ਦੁੱਗਣਾ ਵਾਧਾ ਹੋਇਆ ਏ.ਓਨ੍ਹਾਂ ਨੇ ਕਿਹਾ ਕਿ ਦੇਸ਼ ਵਿੱਚ ਛੇ ਨਵੀਆਂ ਖਾਦ ਕੰਪਨੀਆਂ ਕਾਇਮ ਕੀਤੀਆਂ ਗਈਆਂ ਨੇ ਅਤੇ ਪਿਛਲੇ 11 ਸਾਲਾਂ ਵਿੱਚ ਕਿਸਾਨਾਂ ਨੂੰ ਮਿੱਟੀ ਦੀ ਸਿਹਤ ਬਾਰੇ 25 ਕਰੋੜ SOIL HEALTH ਕਾਰਡ ਵੰਡੇ ਗਏ ਨੇ. ਇਸ ਮੌਕੇ ਖੇਤੀਬਾੜੀ ਮੰਤਰੀ ਸ਼ਿਵਰਾਜ ਸਿੰਘ ਚੌਹਾਨ ਨੇ ਕਿਹਾ ਕਿ ਨਵੇਂ ਜੀਐਸਟੀ ਸੁਧਾਰਾਂ ਵਿੱਚ, ਸਰਕਾਰ ਨੇ ਖੇਤੀਬਾੜੀ ਉਪਕਰਣਾਂ 'ਤੇ ਜੀਐਸਟੀ ਦਰਾਂ ਘਟਾ ਕੇ ਕਿਸਾਨਾਂ ਨੂੰ ਰਾਹਤ ਪ੍ਰਦਾਨ ਕੀਤੀ ਏ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨੇ ਹਮੇਸ਼ਾ ਕਿਸਾਨਾਂ ਦੇ ਹਿੱਤਾਂ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਏ।

ਓਹਨਾਂ ਕਿਹਾ ਕਿ, ਪ੍ਰਧਾਨ ਮੰਤਰੀ ਦੇ ਸੱਦੇ 'ਤੇ, ਕਿਸਾਨ ਹੁਣ ਸਵਦੇਸ਼ੀ ਉਤਪਾਦਾਂ ਦੀ ਵਰਤੋਂ ਕਰ ਰਹੇ ਨੇ.

byte

ਸ਼੍ਰੀ ਚੌਹਾਨ ਨੇ ਕਿਹਾ ਕਿ ਨਰੇਂਦਰ ਮੋਦੀ ਦੀ ਅਗਵਾਈ ਵਾਲੀ ਸਰਕਾਰ ਨੇ ਹਾੜੀ ਦੀਆਂ ਫਸਲਾਂ ਲਈ ਘੱਟੋ-ਘੱਟ ਸਮਰਥਨ ਮੁੱਲ (MSP) ਵਿੱਚ ਵੀ ਵਾਧਾ ਕੀਤਾ ਏ । ਉਨ੍ਹਾਂ ਦੱਸਿਆ ਕਿ ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ (PM-KISAN) ਯੋਜਨਾ ਤਹਿਤ, ਸਿੱਧੇ ਲਾਭ ਤਬਾਦਲੇ ਰਾਹੀਂ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ 3.90 ਲੱਖ ਕਰੋੜ ਰੁਪਏ ਪਾਏ ਗਏ ਨੇ.

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਵੱਲੋਂ ਅੱਜ ਸ਼ੁਰੂ ਕੀਤੀਆਂ ਗਈਆਂ 'ਪ੍ਰਧਾਨ ਮੰਤਰੀ Dhan Dhaanya Krishi Yojana’ ਅਤੇ 'ਦਾਲਾਂ ਵਿੱਚ ਆਤਮਨਿਰਭਰਤਾ ਲਈ ਮਿਸ਼ਨ' ਪਹਿਲਕਦਮੀਆਂ ਦਾ  ਪੰਜਾਬ ਵਿੱਚ ਫਾਜ਼ਿਲਕਾ ਅਤੇ ਸ਼੍ਰੀ ਮੁਕਤਸਰ ਸਾਹਿਬ ਦੇ ਕ੍ਰਿਸ਼ੀ ਕੇਂਦਰਾਂ ਸਮੇਤ ਵੱਖ-

ਵੱਖ ਥਾਵਾਂ 'ਤੇ ਸਿੱਧਾ ਪ੍ਰਸਾਰਣ ਕੀਤਾ ਗਿਆ। ਸਮਾਰੋਹ ਦੌਰਾਨ, ਕਿਸਾਨਾਂ ਨੂੰ ਖੇਤੀਬਾੜੀ ਖੇਤਰ ਨੂੰ ਮਜ਼ਬੂਤ ਕਰਨ, ਕਿਸਾਨਾਂ ਦੀ ਆਮਦਨ ਵਧਾਉਣ ਅਤੇ ਆਤਮ-ਨਿਰਭਰ ਭਾਰਤ ਦੇ ਟੀਚੇ ਨੂੰ ਸਾਕਾਰ ਕਰਨ ਦੇ ਉਦੇਸ਼ ਨਾਲ, ਨਵੀਆਂ ਯੋਜਨਾਵਾਂ ਬਾਰੇ ਜਾਣਕਾਰੀ ਪ੍ਰਦਾਨ ਕੀਤੀ ਗਈ। ਕਿਸਾਨਾਂ ਨੇ ਇਸ ਪਹਿਲਕਦਮੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਪ੍ਰੋਗਰਾਮ ਉਨ੍ਹਾਂ ਨੂੰ ਸਿੱਧੇ ਤੌਰ 'ਤੇ ਸਰਕਾਰੀ ਯੋਜਨਾਵਾਂ ਨਾਲ ਜੋੜਦੇ ਨੇ। ਇਸ ਮੌਕੇ ਪ੍ਰਧਾਨ ਮੰਤਰੀ ਨੇ ਵੀਡੀਓ ਕਾਨਫਰੰਸਿੰਗ ਰਾਹੀਂ ਕਿਸਾਨਾਂ ਨਾਲ ਗੱਲਬਾਤ ਵੀ ਕੀਤੀ ਅਤੇ ਕਿਹਾ ਕਿ ਕੇਂਦਰ ਸਰਕਾਰ ਕਿਸਾਨਾਂ ਦੀ ਆਰਥਿਕ ਸੁਰੱਖਿਆ ਅਤੇ ਭਲਾਈ ਲਈ ਪੂਰੀ ਤਰ੍ਹਾਂ ਵਚਨਬੱਧ ਏ।

---------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਵਿੱਦਿਅਕ ਸੰਸਥਾਵਾਂ ਨੂੰ ਵਿਦਿਆਰਥੀਆਂ ਨੂੰ ਪੜ੍ਹਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਬਿਹਤਰੀਨ ਇਨਸਾਨ ਬਣਾਉਣ ਵਿੱਚ, ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ ਏ। ਸ਼੍ਰੀ ਕਟਾਰੀਆ ਨੇ ਅੱਜ ਜਲੰਧਰ ਵਿੱਚ, ਗੁਰੂ ਗੋਬਿੰਦ ਸਿੰਘ

ਐਵੇਨਿਊ ਸਥਿਤ ਵਿੱਦਿਆ ਧਾਮ ਵਿਖੇ, ਮੋਬਾਇਲ ਸਾਇੰਸ ਵੈਨ ਅਤੇ ਨਵੀਂ ਬਣੀ ਸ਼ਿਸ਼ੂ ਵਾਟਿਕਾ 'ਸਰਵਹਿੱਤਕਾਰੀ ਕੇਸ਼ਵ ਵਿਦਿਆ ਨਿਕੇਤਨ' ਦਾ ਉਦਘਾਟਨ ਕੀਤਾ। ਉਨ੍ਹਾਂ ਜ਼ੋਰ ਦਿੰਦਿਆਂ ਕਿਹਾ ਕਿ ਦੇਸ਼ ਦੇ ਭਵਿੱਖ ਦੇ ਨਿਰਮਾਣ ਲਈ, ਵਿਦਿਆਰਥੀਆਂ ਨੂੰ ਸਿੱਖਿਆ ਦੇ ਨਾਲ-ਨਾਲ ਨੈਤਿਕ ਕਦਰਾਂ-ਕੀਮਤਾਂ ਦਾ ਧਾਰਨੀ ਬਣਾਉਣ 'ਤੇ ਖਾਸ ਧਿਆਨ ਦਿੱਤਾ ਜਾਣਾ ਚਾਹੀਦਾ ਏ। ਉਨ੍ਹਾਂ ਕਿਹਾ ਕਿ ਸਿੱਖਿਆ ਦਾ ਉਦੇਸ਼, ਸਿਰਫ਼ ਗਿਆਨ ਹਾਸਲ ਕਰਨਾ ਨਹੀਂ, ਸਗੋਂ ਸੰਸਕਾਰ, ਸੰਵੇਦਨਸ਼ੀਲਤਾ ਅਤੇ ਸਮਾਜ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਦਾ ਵਿਕਾਸ ਕਰਨਾ ਵੀ ਏ। ਰਾਜਪਾਲ ਨੇ ਕਿਹਾ ਕਿ ਵਿੱਦਿਅਕ ਸੰਸਥਾਵਾਂ, ਸੂਬੇ ਦੀ ਨਸ਼ਿਆਂ ਖਿਲਾਫ਼ ਲੜਾਈ ਵਿੱਚ ਅਹਿਮ ਭੂਮਿਕਾ  ਅਦਾ ਕਰ ਸਕਦੀਆਂ ਨੇ। ਉਨ੍ਹਾਂ ਸੂਬੇ ਨੂੰ ਨਸ਼ਾ ਮੁਕਤ ਤੇ ਰੰਗਲਾ ਪੰਜਾਬ ਬਣਾਉਣ ਲਈ, ਸਿੱਖਿਆ ਸੰਸਥਾਵਾਂ ਨੂੰ ਅੱਗੇ ਆਉਣ ਅਤੇ ਇਸ ਲੜਾਈ ਵਿੱਚ ਮੋਹਰੀ ਭੂਮਿਕਾ ਅਦਾ ਕਰਨ ਦੀ ਅਪੀਲ ਕੀਤੀ। ਸ੍ਰੀ ਗੁਰੂ ਗੋਬਿੰਦ ਸਿੰਘ ਜੀ ਅਤੇ ਉਨ੍ਹਾਂ ਦੇ ਪਰਿਵਾਰ ਵੱਲੋਂ ਦਿੱਤੀਆਂ ਲਾਸਾਨੀ ਸ਼ਹਾਦਤਾਂ ਦਾ ਜ਼ਿਕਰ ਕਰਦਿਆਂ ਸ਼੍ਰੀ ਕਟਾਰੀਆ ਨੇ ਕਿਹਾ ਕਿ, ਦੇਸ਼ ਦੇ ਭਵਿੱਖ ਨੂੰ ਸਹੀ ਨੁਹਾਰ ਦੇਣ ਲਈ, ਨੌਜਵਾਨਾਂ ਨੂੰ

ਦੇਸ਼ ਦੇ ਅਮੀਰ ਵਿਰਸੇ ਤੇ ਇਤਿਹਾਸ ਨਾਲ ਜੋੜਨਾ ਬੇਹਦ ਜ਼ਰੂਰੀ ਏ। ਓਪਰੇਸ਼ਨ 'SINDOOR' ਅਤੇ ਹੜ੍ਹਾਂ ਦੌਰਾਨ ਪੰਜਾਬੀਆਂ ਦੇ ਹੌਸਲੇ ਅਤੇ ਸੇਵਾ ਦੀ ਸ਼ਲਾਘਾ ਕਰਦਿਆਂ, ਸ੍ਰੀ ਕਟਾਰੀਆ ਨੇ ਕਿਹਾ ਕਿ, ਔਖੀ ਘੜੀ ਵਿੱਚ ਲੋੜਵੰਦਾਂ ਦੀ ਸਹਾਇਤਾ ਕਰਨ ਦੀ ਪੰਜਾਬੀਆਂ ਦੀ ਦ੍ਰਿੜ ਭਾਵਨਾ ਨੇ ਹਮੇਸ਼ਾ ਦੀ ਤਰ੍ਹਾਂ, ਮਨੁੱਖਤਾ ਦੀ ਸੇਵਾ ਵਿੱਚ ਨਵੀਂ ਮਿਸਾਲ ਕਾਇਮ ਕੀਤੀ ਏ।

---------------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਫਰੀਦਕੋਟ ਅਤੇ ਫਿਰੋਜ਼ਪੁਰ ਦੇ ਜ਼ਿਲ੍ਹਾ ਪ੍ਰਸ਼ਾਸਨਾਂ ਨੂੰ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਵਸ ਸਮਾਗਮਾਂ ਲਈ ਸੁਚਾਰੂ ਪ੍ਰਬੰਧਾਂ ਅਤੇ ਬੁਨਿਆਦੀ ਢਾਂਚੇ ਦੇ ਵਿਕਾਸ ਕਾਰਜਾਂ ਨੂੰ ਸਮੇਂ-ਸਿਰ ਪੂਰੀ ਕਰਨ ਲਈ ਹੁਕਮ ਜਾਰੀ ਕੀਤੇ। ਹਰਜੋਤ ਸਿੰਘ ਬੈਂਸ ਨੇ ਕੈਬਿਨਟ ਮੰਤਰੀ ਹਰਭਜਨ ਸਿੰਘ , ਦਿਹਾਤੀ ਵਿਕਾਸ ਅਤੇ ਪੰਚਾਇਤ ਮੰਤਰੀ, ਤਰੁਨਪ੍ਰੀਤ ਸਿੰਘ ਸੌਂਦ ਅਤੇ ਸੈਰ-ਸਪਾਟਾ ਵਿਭਾਗ ਦੇ ਸਲਾਹਕਾਰ ਦੀਪਕ ਬਾਲੀ ਨਾਲ ਰਲ ਕੇ ਫਰੀਦਕੋਟ ਅਤੇ ਫਿਰੋਜ਼ਪੁਰ ਵਿਖੇ ਵੱਖ-ਵੱਖ ਮੀਟਿੰਗਾਂ ਦੌਰਾਨ

ਤਿਆਰੀਆਂ ਦੀ ਸਮੀਖਿਆ ਕੀਤੀ। ਸ੍ਰੀ ਬੈਂਸ ਨੇ ਦੋਵੇਂ ਜ਼ਿਲ੍ਹਾ ਡਿਪਟੀ ਕਮਿਸ਼ਨਰਾਂ ਅਤੇ ਹੋਰ ਸਬੰਧਤ ਜ਼ਿਲ੍ਹਾ ਅਧਿਕਾਰੀਆਂ ਨੂੰ ਹੁਕਮ ਦਿੱਤੇ ਕਿ ਬੁਨਿਆਦੀ ਢਾਂਚੇ, ਸਫਾਈ, ਰੋਸ਼ਨੀ, ਸੰਗਤ ਦੇ ਠਹਿਰਨ , ਟਰੈਫਿਕ ਅਤੇ ਸੁਰੱਖਿਆ ਨਾਲ ਸਬੰਧਤ ਸਾਰੇ ਪ੍ਰਬੰਧ ਸਮੇਂ ਤੋਂ ਪਹਿਲਾਂ ਪੂਰੇ ਕਰ ਲਏ ਜਾਣ। ਉਨ੍ਹਾਂ ਨੇ ਧਾਰਮਿਕ ਸੰਸਥਾਵਾਂ ਅਤੇ ਸਥਾਨਕ ਗੁਰਦੁਆਰਾ ਕਮੇਟੀਆਂ ਨਾਲ ਨਜ਼ਦੀਕੀ  ਸਹਿਯੋਗ ਬਣਾਈ ਰੱਖਣ ਲਈ ਵੀ ਕਿਹਾ ਤਾਂ ਜੋ ਸਾਰੇ ਸਮਾਗਮ ਚੰਗੀ ਤਰ੍ਹਾਂ ਹੋ ਸਕਣ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ, ਸ੍ਰੀ ਬੈਂਸ ਨੇ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਸ਼ਹੀਦੀ ਸਮਾਗਮਾਂ ਦਾ ਹਿੱਸਾ ਬਣਕੇ, ਇਸ ਨੂੰ ਸ਼ਰਧਾ ਨਾਲ ਮਨਾਉਣ ਤਾਂ ਜੋ ਇਨ੍ਹਾਂ ਲਾਸਾਨੀ ਕੁਰਬਾਨੀਆਂ ਨੂੰ ਦੇਸ਼ ਦੁਨੀਆਂ ਦੇ ਲੋਕਾਂ ਅਤੇ ਨੌਜਵਾਨ ਪੀੜ੍ਹੀ ਤੱਕ ਪਹੁੰਚਾਇਆ ਜਾ ਸਕੇ।

----------------------------------------------------

ਕੇਂਦਰੀ ਖਪਤਕਾਰ ਮਾਮਲੇ, ਖੁਰਾਕ ਅਤੇ ਜਨਤਕ ਵੰਡ ਰਾਜ ਮੰਤਰੀ, ਨਿਮੂਬੇਨ ਜਯੰਤੀਭਾਈ ਬਾਂਭਨੀਆ ਪੰਜਾਬ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਦਾ ਨਿਰੀਖਣ ਕਰਨ ਲਈ, ਸੂਬੇ  ਦੇ ਦੋ ਦਿਨਾਂ ਸਰਕਾਰੀ

ਦੌਰੇ 'ਤੇ ਨੇ। ਉਨ੍ਹਾਂ ਨੇ ਅੱਜ ਲੁਧਿਆਣੇ ਦੇ ਹੜ੍ਹ ਪ੍ਰਭਾਵਿਤ ਇਲਾਕਿਆਂ ਵਿੱਚ, ਰਾਹਤ ਅਤੇ ਮੁੜ ਵਸੇਬਾ ਕੰਮਾਂ ਦਾ ਜਾਇਜ਼ਾ ਲਿਆ। ਉਨ੍ਹਾਂ ਜ਼ਿਲ੍ਹੇ ਦੇ ਤਲਵੰਡੀ ਕਲਾਂ, ਬੋਂਕਰ ਡੋਗਰਾ, ਗੋਰਸੀਆਂ ਹਕਮਾਰੇ, ਲੋਪੋਂ ਅਤੇ ਗਿੱਲ ਇਲਾਕਿਆਂ  ਦਾ ਦੌਰਾ ਕੀਤਾ। ਆਪਣੇ ਦੌਰੇ ਦੇ ਪਹਿਲੇ ਦਿਨ ਮੰਤਰੀ,  ਆਲਮਗੀਰ ਗਏ। ਉਨ੍ਹਾਂ ਨੇ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਮੱਥਾ ਟੇਕਿਆ। ਜ਼ਿਕਰਯੋਗ ਏ ਕਿ ਮੰਤਰੀ ਨੇ ਹੜ੍ਹ ਰਾਹਤ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਅਤੇ  ਓਹਨਾ ਨੇ ਘਰਾਂ, ਖੇਤਾਂ ਅਤੇ ਪਸ਼ੂਆਂ ਦੀ ਸੁਰੱਖਿਆ ਬਾਰੇ ਜਾਣਕਾਰੀ ਦਿੱਤੀ ਗਈ । ਉਨ੍ਹਾਂ ਨੇ ਨੁਕਸਾਨ ਦਾ ਮੁਲੰਕਣ ਕਰਨ ਲਈ ਜ਼ਰੂਰੀ ਨਿਰਦੇਸ਼ ਜਾਰੀ ਕੀਤੇ।

--------------------------------------------------------

ਸਰਹੱਦੀ ਸੁਰੱਖਿਆ ਬਲ (BSF) ਦੇ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ, ਵਿਚਲੇ ਸਹਾਇਕ ਸਿਖਲਾਈ ਕੇਂਦਰ ਦੇ, ਸ਼ਹੀਦ ਸਤਪਾਲ ਚੌਧਰੀ ਪਰੇਡ ਗ੍ਰਾਊਂਡ ਵਿਖੇ ਅੱਜ ਬੈਚ ਨੰਬਰ 273 ਦੇ ਨਵੇਂ ਟ੍ਰੇਡਜ਼ਮੈਨ ਦੀ ਪਾਸਿੰਗ ਆਊਟ ਪਰੇਡ ਅਤੇ ਸਹੁੰ ਚੁੱਕ ਸਮਾਰੋਹ ਕਰਾਇਆ ਗਿਆ। ਇਸ ਮੌਕੇ, 158 ਨਵੇਂ ਟ੍ਰੇਡਜ਼ਮੈਨ ਸਫਲਤਾ ਨਾਲ ਸਿਖਲਾਈ ਪੂਰੀ ਕਰਕੇ ਦੇਸ਼ ਸੇਵਾ

ਲਈ ਤਿਆਰ ਹੋਏ। ਇਸ ਸਮਾਰੋਹ ਦੇ ਮੁੱਖ ਮਹਿਮਾਨ ਦਿਨੇਸ਼ ਕੁਮਾਰ ਬੂਰਾ, ADDITIONAL DIRECTOR GENERAL (ਲੌਜਿਸਟਿਕਸ), ਬਲ ਸਦਰਮੁਕਾਮ, ਨਵੀਂ ਦਿੱਲੀ ਸਨ। ਸਮਾਰੋਹ ਦੌਰਾਨ, ਕੇਂਦਰ ਦਾ ਸਾਰਾ ਅਮਲਾ, ਉਨ੍ਹਾਂ ਦੇ ਪਰਿਵਾਰਕ ਮੈਂਬਰ, ਬੀ.ਐਸ.ਐਫ਼ ਦੇ ਸੇਵਾਮੁਕਤ ਅਧਿਕਾਰੀ, ਨਵੇਂ ਟ੍ਰੇਡਜ਼ਮੈਨ ਦੇ ਪਰਿਵਾਰ ਤੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਪਤਵੰਤੇ ਹਾਜ਼ਰ ਸਨ।

---------------------------------------------------------

ਪਟਿਆਲਾ ਫਾਊਂਡੇਸ਼ਨ ਨੇ ਆਪਣੇ ਪ੍ਰਮੁੱਖ ਪਹਿਲਕਦਮੀ ਪ੍ਰੋਜੈਕਟ,I-HERITAGE ਤਹਿਤ, ਪਟਿਆਲਾ ਦੇ ਸਰਕਾਰੀ ਕਾਲਜ ਫਾਰ ਗਰਲਜ਼ ਦੀਆਂ ਵਿਦਿਆਰਥਣਾਂ ਲਈ Heritage Walk ਕਰਾਈ। ਇਹ WALK, ਫਾਊਂਡੇਸ਼ਨ ਵਲੋਂ ਚਲਾਈ ਜਾ ਰਹੀ ਪਹਿਲ, KYC 2.0 (ਆਪਣੇ ਸ਼ਹਿਰ ਨੂੰ ਜਾਣੋ) ਦੇ ਹਿੱਸੇ ਵਜੋਂ ਕਰਾਈ ਗਈ |

---------------------------------------------------------

Sultan of Johor Cup 2025 ਵਿੱਚ, ਅੱਜ ਮਲੇਸ਼ੀਆ ਦੇ Johor Bahru 'ਚ, ਭਾਰਤ ਦੀ ਜੂਨੀਅਰ ਮਰਦਾਂ ਦੀ ਹਾਕੀ ਟੀਮ ਨੇ ਪਿਛਲੇ

ਚੈਂਪੀਅਨ, ਬਰਤਾਨੀਆ ਨੂੰ 3-2 ਨਾਲ ਹਰਾ ਕੇ ਆਪਣੀ ਮੁਹਿੰਮ ਦੀ ਸ਼ੁਰੂਆਤ ਕੀਤੀ। ਕਪਤਾਨ ਰੋਹਿਤ ਨੇ ਦੋ ਗੋਲ ਕੀਤੇ, ਜਦੋਂ ਕਿ ਰਵਨੀਤ ਸਿੰਘ ਨੇ ਭਾਰਤ ਲਈ, ਮੈਚ ਦਾ ਪਹਿਲਾ ਗੋਲ ਕੀਤਾ। ਟੂਰਨਾਮੈਂਟ ਦਾ ਫਾਈਨਲ ਇਸ ਮਹੀਨੇ ਦੀ 18 ਤਰੀਕ ਨੂੰ ਹੋਵੇਗਾ।

------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਖੇਤੀਬਾੜੀ ਅਤੇ ਸਬੰਧਤ ਖੇਤਰਾਂ ਲਈ 42 ਹਜ਼ਾਰ ਕਰੋੜ ਤੋਂ ਵੱਧ ਦੇ ਕਈ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ। "ਪ੍ਰਧਾਨ ਮੰਤਰੀ DHAN DHANYA ਕ੍ਰਿਸ਼ੀ ਯੋਜਨਾ" ਅਤੇ "ਦਾਲਾਂ ਵਿੱਚ ਸਵੈ-ਨਿਰਭਰਤਾ ਲਈ ਮਿਸ਼ਨ" ਦੀ ਸ਼ੁਰੂਆਤ ਕੀਤੀ।

- ਪੰਜਾਬ ਵਿੱਚ ਫਾਜ਼ਿਲਕਾ ਅਤੇ ਸ੍ਰੀ ਮੁਕਤਸਰ ਸਾਹਿਬ ਦੇ ਕ੍ਰਿਸ਼ੀ ਕੇਂਦਰਾਂ ਸਮੇਤ ਵੱਖ-ਵੱਖ ਥਾਵਾਂ 'ਤੇ ਇਸ ਪ੍ਰੋਗ੍ਰਾਮ ਦਾ ਸਿੱਧਾ ਪ੍ਰਸਾਰਣ ਕੀਤਾ ਗਿਆ।

- ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਵਿੱਦਿਅਕ ਸੰਸਥਾਵਾਂ ਨੂੰ, ਵਿਦਿਆਰਥੀਆਂ ਨੂੰ ਬਿਹਤਰੀਨ ਇਨਸਾਨ ਬਣਾਉਣ ਵਿੱਚ, ਸਰਗਰਮ ਭੂਮਿਕਾ ਨਿਭਾਉਣ ਦਾ ਸੱਦਾ ਦਿੱਤਾ ਏ।

- ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਫਰੀਦਕੋਟ ਅਤੇ ਫਿਰੋਜ਼ਪੁਰ ਦੇ ਜ਼ਿਲ੍ਹਾ ਪ੍ਰਸ਼ਾਸਨਾਂ ਨੂੰ, ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350ਵੇਂ ਸ਼ਹੀਦੀ ਦਿਹਾੜੇ ਸੰਬੰਧੀ ਸੁਚਾਰੂ ਪ੍ਰਬੰਧਾਂ ਅਤੇ ਕਾਰਜਾਂ ਨੂੰ ਸਮੇਂ-ਸਿਰ ਪੂਰਾ ਕਰਨ ਦੇ ਹੁਕਮ ਦਿੱਤੇ ਨੇ.

- ਭਾਰਤ ਦੀ ਜੂਨੀਅਰ ਮਰਦਾਂ ਦੀ ਹਾਕੀ ਟੀਮ ਨੇ 2025 ਦੇ ਸੁਲਤਾਨ ਆਫ਼ ਜੋਹੋਰ ਕੱਪ ਵਿੱਚ ਪਿਛਲੇ ਚੈਂਪੀਅਨ ਬਰਤਾਨੀਆ ‘ਤੇ 3-2 ਦੀ ਜਿੱਤ ਨਾਲ ਆਪਣੀ ਮੁਹਿੰਮ ਦੀ ਸ਼ੁਰੂਆਤ ਕੀਤੀ।

------------------------------------------------------------------------

**ਇਸਦੇ ਨਾਲ ਪ੍ਰਦੇਸ਼ਕ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਰਾਸ਼ਟਰੀ ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**